**ਪੰਜਾਬ ਸਰਕਾਰ**
**ਸਿੱਖਿਆ ਵਿਭਾਗ** (Through Website)

**ਵੱਲ**

**ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ),**
**ਪੰਜਾਬ।**

ਮੀਮੋ ਨੰ:- 5/60/2017-5ਸ3/1085842/1 ਮਿਤੀ:- 16-10-2017

**ਵਿਸ਼ਾ: ਨਵੋਦਿਆ ਵਿਦਿਆਲਿਆ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਭਾਰਤ ਸਰਕਾਰ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ ਅੰਦਰ ਛੇਵੀਂ ਜਮਾਤ ਵਿੱਚ ਦਾਖਲਾ ਲੈਣ ਲਈ ਵਿਦਿਆਰਥੀਆਂ ਦੀ ਸਾਂਝੀ ਦਾਖਲਾ ਪ੍ਰੀਖਿਆ ਲਈ ਜਾਂਦੀ ਹੈ।ਪੰਜਾਬ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਪੰਜਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਜਵਾਹਰ ਨਵੋਦਿਆ ਵਿਦਿਆਲਿਆ ਦਾਖਲਾ ਪ੍ਰੀਖਿਆ ਵਿੱਚ ਬੈਠਦੇ ਹਨ ਅਤੇ ਮੈਰਿਟ ਦੇ ਆਧਾਰ ਤੇ ਨਵੋਦਿਆ ਵਿਦਿਆਲਿਆ ਵਿੱਚ ਦਾਖਲਾ ਲੈਂਦੇ ਹਨ।

3.0 ਸਾਲ 2018-19 ਦੇ ਵੱਖ-ਵੱਖ ਸ਼ੈਸ਼ਨਾਂ ਲਈ ਨਵੋਦਿਆ ਵਿਦਿਆਲਿਆ ਦੀ ਦਾਖਲਾ ਪ੍ਰੀਖਿਆ ਕ੍ਰਮਵਾਰ ਮਿਤੀ 10-02-2017, 08-04-2017 ਅਤੇ 09-06-2017 ਨੂੰ ਰਾਸ਼ਟਰੀ ਪੱਧਰ 'ਤੇ ਲਈ ਜਾਣੀ ਹੈ।

4.0 ਭਾਰਤ ਸਰਕਾਰ ਵੱਲੋਂ ਇਸ ਵਾਰ ਨਵੋਦਿਆ ਵਿਦਿਆਲਿਆ ਦੀ ਦਾਖਲਾ ਪ੍ਰੀਖਿਆ ਲਈ ਆਨ-ਲਾਈਨ ਦਾਖ਼ਲਾ ਫਾਰਮ ਭਰਨ ਦਾ ਉਪਬੰਧ ਕੀਤਾ ਗਿਆ ਹੈ।ਨਵੋਦਿਆ ਵਿਦਿਆਲਿਆ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਆਨ ਲਾਈਨ ਦਾਖ਼ਲਾ ਫਾਰਮ ਭਰਨ ਦੀ ਅੰਤਿਮ ਮਿਤੀ 25-11-2017 ਹੈ। ਦਾਖਲੇ ਦੀ ਇਸ ਪ੍ਰਕਿਰਿਆ ਨੂੰ ਅਸਾਨ ਕਰਦੇ ਹੋਏ ਦਾਖਲਾ ਫਾਰਮ ਭਰਨ ਦਾ ਕੰਮ ਕਾਮਨ ਸਰਵਿਸ ਸੈਂਟਰਾਂ (CSC) ਦੇ ਸਹਿਯੋਗ ਰਾਹੀਂ ਪੂਰਾ ਕਰਨ ਦਾ ਵਿਕਲਪ ਰੱਖਿਆ ਗਿਆ ਹੈ।

5.0 ਸਕੂਲ ਮੁੱਖੀ ਵੱਲੋਂ ਵਿਦਿਆਰਥੀਆਂ ਦੀ ਉਮਰ, ਯੋਗਤਾ, ਰਿਹਾਇਸ਼ ਆਦਿ ਨੂੰ ਤਸਦੀਕ ਕਰਨ ਉਪਰੰਤ ਨਿਰਧਾਰਤ ਪ੍ਰੋਫਾਰਮਾ ਭਰ ਕੇ ਆਨ-ਲਾਈਨ ਅੱਪਲੋਡ ਕੀਤਾ ਜਾਣਾ ਹੈ।

6.0 ਨਵੋਦਿਆ ਵਿਦਿਆਲਿਆ ਵਿੱਚ ਦਾਖਲੇ ਸਬੰਧੀ ਸਰਕਾਰੀ ਸਕੂਲਾਂ ਦੇ ਪੰਜਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਸ਼ਨਾਖਤ ਕਰਕੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਨਵੋਦਿਆ ਪ੍ਰੀਖਿਆ ਲਈ ਤਿਆਰੀ ਕਰਵਾਈ ਜਾਵੇ ਅਤੇ ਕਿਸੇ ਵੀ ਯੋਗ ਵਿਦਿਆਰਥੀ ਨੂੰ ਇਸ ਦਾਖਲੇ ਸਬੰਧੀ ਵਾਂਝਾ ਨਾ ਰੱਖਿਆ ਜਾਵੇ।ਦਾਖਲਾ ਫਾਰਮ ਭਰਨ ਵਿੱਚ ਵਿਦਿਆਰਥੀਆਂ/ਮਾਪਿਆਂ ਦੀ ਪੂਰੀ ਮਦੱਦ ਕੀਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਵਿਦਿਆਰਥੀ ਨਵੋਦਿਆ ਵਿਦਿਆਲਿਆ ਵਿੱਚ ਦਾਖਲ ਹੋ ਸਕਣ।

7.0 ਨਵੋਦਿਆ ਵਿਦਿਆਲਿਆ ਦੀ ਤਿਆਰੀ ਲਈ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਸਕੂਲ ਮੁੱਖੀਆਂ ਨਾਲ ਮਿਲ ਕੇ ਪੂਰਨ ਯੋਜਨਾਬੰਦੀ ਕਰੇਗੀ।

8.0 ਨਵੋਦਿਆ ਵਿਦਿਆਲਿਆ ਵਿੱਚ ਦਾਖਲੇ ਸਬੰਧੀ ਵਧੇਰੇ ਜਾਣਕਾਰੀ ਲਈ www.nvshq.org 'ਤੇ ਸੰਪਰਕ ਕੀਤਾ ਜਾਵੇ।

**ਸਕੱਤਰ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ।**

ਪਿੱਠ ਅੰਕਣ ਨੰ. ਉਕਤ 1085842/2-4 ਮਿਤੀ: ਉਕਤ 16.10.2017
ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡੀ.ਜੀ.ਐਸ.ਈ., ਪੰਜਾਬ।
2. ਡੀ.ਪੀ.ਆਈ.(ਐ.ਸਿ.), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ.,ਪੰਜਾਬ।

**ਸਕੱਤਰ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ।**